# Punjab Government Gazette

*Published by Authority*

No. 4] CHANDIGARH, FRIDAY, JANUARY 23, 2026 (MAGHA 3, 1947 SAKA)


# PART I

**Punjab Government Notifications and Orders**

**ਪੰਜਾਬ ਸਰਕਾਰ**

ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ

(ਪਸ਼ੂ ਪਾਲਣ-1 ਸ਼ਾਖਾ)

**ਨੋਟੀਫਿਕੇਸ਼ਨ**

ਮਿਤੀ 19 ਦਸੰਬਰ, 2022

ਨੰ:9/04/2021.ਪ.ਪ.1(9/5)/6658.- ਡਾ.ਅਮਰਬਾਗ ਰੰਧਾਵਾ, ਵੈਟਰਨਰੀ ਅਫਸਰ, ਸਿਵਲ ਪਸ਼ੂ ਹਸਪਤਾਲ, ਹਰਸ਼ਾ ਛੀਨਾ (ਅੰਮ੍ਰਿਤਸਰ) ਨੂੰ ਮਿਤੀ 23.09.2020 ਤੋਂ ਬਿਨਾਂ ਛੁੱਟੀ ਮੰਨਜੂਰ ਕਰਵਾਏ ਆਪਣੀ ਡਿਊਟੀ ਤੋਂ ਗੈਰ-ਹਾਜ਼ਰ ਰਹਿਣ ਦੇ ਦੋਸ਼ਾਂ ਕਾਰਣ ਯਾਦ ਪੱਤਰ ਨੰ: 09/04/2021.ਪ.ਪ.1(9/5)/5607, ਮਿਤੀ 09.09.2021ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵੱਡੀਆਂ ਸਜ਼ਾਵਾਂ ਦੇਣ ਲਈ ਦੋਸ਼ ਸੂਚੀ ਜਾਰੀ ਕਰਕੇ ਉਤਰ 21 ਦਿਨਾਂ ਦੇ ਅੰਦਰ-ਅੰਦਰ ਸਮਰੱਥ ਅਧਿਕਾਰੀ ਨੂੰ ਲਿਖਤੀ ਰੂਪ ਵਿੱਚ ਭੇਜਣ ਲਈ ਲਿਖਿਆ ਗਿਆ ਸੀ। ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਪੰਜਾਬ ਵਲੋਂ ਨੰ:1674, ਮਿਤੀ 06.10.2021 ਰਾਹੀ ਸੂਚਿਤ ਕੀਤਾ ਸੀ ਕਿ ਅਧਿਕਾਰਨ ਨੂੰ ਚਾਰਜਸੀਟ ਡਲੀਵਰ ਕਰਨ ਲਈ ਡਾ:ਕੰਵਲਜੀਤ ਸਿੰਘ, ਪਸ਼ੂ ਹਸਪਤਾਲ, ਥੋਬਾ ਅਤੇ ਡਾ: ਅੰਮ੍ਰਿਤਪਾਲ ਸਿੰਘ, ਪਸੂ ਹਸਪਤਾਲ, ਵਣੀਏਕੇ ਦੀ ਡਿਊਟੀ ਲਗਾਈ ਗਈ ਸੀ, ਇਨ੍ਹਾਂ ਅਧਿਕਾਰੀਆਂ ਵਲੋ ਪੱਤਰ ਨੰ:24, ਮਿਤੀ 21.09.2021 ਰਾਹੀ ਸੂਚਿਤ ਕੀਤਾ ਹੈ ਕਿ ਅਧਿਕਾਰਨ ਦੇ ਪਰਿਵਾਰਕ ਮੈਬਰਾਂ ਵਲੋ ਚਾਰਜਸੀਟ ਦਾ ਪੱਤਰ ਲੈਣ ਤੋ ਇੰਨਕਾਰੀ ਕੀਤੀ ਸੀ। ਇਸ ਅਧਿਕਾਰਨ ਵਲੋ ਚਾਰਜਸੀਟ ਦੇ ਸਬੰਧ ਵਿੱਚ ਕੋਈ ਜਵਾਬ ਨਹੀ ਦਿੱਤਾ ਗਿਆ ਸੀ।

2. ਇਸ ਉਪਰੰਤ ਮਾਮਲੇ ਦੀ ਸਚਾਈ ਜਾਨਣ ਲਈ ਪਿੱ.ਅੰ.ਨੰ:09/04/2021.ਪ.ਪ.1 (9/5)/307, ਮਿਤੀ 19.01.2022 ਰਾਹੀ ਡਾ:ਅਰਵਿੰਦਰ ਸਿੰਘ, ਆਈ.ਏ.ਐਸ (ਰਿਟਾਇਰਡ) ਨੂੰ "ਪੜਤਾਲੀਆ ਅਫਸਰ" ਨਿਯੁਕਤ ਕੀਤਾ ਗਿਆ ਸੀ। ਅਧਿਕਾਰਨ ਨੂੰ ਪੜਤਾਲ ਵਿੱਚ ਸਾਮਲ ਹੋ ਕੇ ਆਪਣਾ ਪੱਖ ਰੱਖਣ ਲਈ ਪੜਤਾਲੀਆ ਅਫਸਰ/ਪੈਰਵੀ ਕਰਤਾ ਅਫਸਰ ਵਲੋ ਨੋਟਿਸ ਮਿਤੀ 03.02.2022 ਜਾਰੀ ਕਰਨ ਦੇ ਬਾਵਜੂਦ ਵੀ ਅਧਿਕਾਰਨ ਪੜਤਾਲ ਵਿੱਚ ਹਾਜ਼ਰ ਨਹੀ ਹੋਈ ਸੀ। ਪੜਤਾਲੀਆ ਅਫਸਰ ਵਲੋ ਪੇਸ਼ ਕੀਤੀ ਪੜਤਾਲ ਰਿਪੋਰਟ ਮਿਤੀ 24.03.2022 ਵਿੱਚ ਅਧਿਕਾਰਨ ਵਿਰੁੱਧ ਦੋਸ਼ ਸੂਚੀ ਵਿੱਚ ਲਗਾਏ ਦੋਸ਼ ਸਿੱਧ ਕੀਤੇ ਗਏ ਸਨ।

3. ਇਸ ਵਿਭਾਗ ਦੇ ਰਜਿਸਟਰਡ ਮੀਮੋ ਨੰ: 09/04/2021.ਪ.ਪ.1(9)/1577, ਮਿਤੀ 26.04.2022 ਰਾਹੀ ਪੜਤਾਲ ਰਿਪੋਰਟ ਮਿਤੀ 24.03.2022 ਦੀ ਕਾਪੀ ਅਧਿਕਾਰਨ ਦੇ ਘਰੇਲੂ ਪਤੇ ਤੇ ਭੇਜ਼ ਕੇ ਆਪਣਾ ਪੱਖ ਪੇਸ਼ ਕਰਨ ਲਈ ਲਿਖਿਆ ਗਿਆ ਸੀ,ਜੋ ਕਿ ਡਾਕ ਵਿਭਾਗ ਵਲੋ " Addressee absent and Current addresses refuse to accept " ਦੇ ਕਥਨਾ ਨਾਲ ਮੂਲ ਰੂਲ

ਵਿੱਚ ਵਾਪਿਸ ਪ੍ਰਾਪਤ ਹੋ ਗਿਆ ਸੀ। ਡਾਇਰੈਕਟਰ,ਪਸ਼ੂ ਪਾਲਣ ਵਿਭਾਗ,ਪੰਜਾਬ ਵਲੋ ਪੱਤਰ ਨੰ: 2042, ਮਿਤੀ 12.08.2022 ਰਾਹੀ ਸੂਚਿਤ ਕੀਤਾ ਸੀ ਕਿ ਸ੍ਰੀ ਪਰਮਜੀਤ ਸਿੰਘ, ਸੀਨੀਅਰ ਸਹਾਇਕ ਪੜਤਾਲ ਰਿਪੋਰਟ ਦੀ ਕਾਪੀ ਅਧਿਕਾਰਨ ਦੇ ਘਰੇਲੂ ਪਤੇ ਤੇ ਡਲੀਵਰ ਕਰਾਉਣ ਗਿਆ ਸੀ, ਕਰਮਚਾਰੀ ਵਲੋ ਦੱਸਿਆ ਗਿਆ ਸੀ ਕਿ ਅਧਿਕਾਰਨ ਦੇ ਪਰਿਵਾਰਕ ਮੈਬਰਾਂ ਵਲੋ ਪੱਤਰ ਲੈਣ ਤੋ ਇੰਨਕਾਰ ਕੀਤਾ ਸੀ। ਇਸ ਅਧਿਕਾਰਨ ਵਲੋ ਪੜਤਾਲ ਰਿਪੋਰਟ ਦੇ ਸਬੰਧ ਵਿੱਚ ਵੀ ਕੋਈ ਜਵਾਬ ਨਹੀ ਭੇਜਿਆ ਸੀ।

4. ਇਸ ਤਰਾਂ ਅਧਿਕਾਰਨ ਵੱਲੋ ਸਰਕਾਰ ਦੇ ਕਿਸੇ ਵੀ ਪੱਤਰ ਦਾ ਜਵਾਬ ਨਹੀ ਦਿੱਤਾ ਗਿਆ ਸੀ, ਜਿਸ ਤੋ ਸ਼ੱਪਸਟ ਹੁੰਦਾ ਹੈ ਕਿ ਉਹ ਸਰਕਾਰ ਦੇ ਕਿਸੇ ਵੀ ਪੱਤਰ ਦਾ ਉਤਰ ਨਹੀ ਦੇਣਾ ਚਾਹੁੰਦੀ ਅਤੇ ਨਾ ਹੀ ਅੱਗੇ ਸਰਕਾਰੀ ਸੇਵਾ ਕਰਨਾ ਚਾਹੁੰਦੀ ਹੈ। ਇਸ ਲਈ ਸਮਰੱਥ ਅਥਾਰਿਟੀ ਵਲੋ ਡਾ. ਅਮਰਬਾਗ ਰੰਧਾਵਾ, ਵੈਟਰਨਰੀ ਅਫਸਰ, ਸਿਵਲ ਪਸ਼ੂ ਹਸਪਤਾਲ, ਹਰਸ਼ਾ ਛੀਨਾ (ਅੰਮ੍ਰਿਤਸਰ) ਗੈਰ-ਹਾਜ਼ਰ ਨੂੰ ਉਸ ਦੀ ਗੈਰ-ਹਾਜ਼ਰੀ ਦੀ ਮਿਤੀ 23.09.2020 ਤੋ ਸਰਕਾਰੀ ਸੇਵਾ ਤੋ ਡਿਸਮਿਸ ਕਰਨ ਸਬੰਧੀ ਸਿਧਾਂਤਕ ਤੋਰ ਤੇ ਫੈਸਲਾ ਲਿਆ ਗਿਆ ਸੀ।

5. ਅਧਿਕਾਰਨ ਨੂੰ ਸਰਕਾਰੀ ਸੇਵਾ ਤੋ ਡਿਸਮਿਸ ਕਰਨ ਸਬੰਧੀ ਲਏ ਗਏ ਫੈਸਲੇ ਦੀ ਸਹਿਮਤੀ ਪ੍ਰਾਪਤ ਕਰਨ ਬਾਰੇ ਸਰਕਾਰ ਵਲੋ ਮੀਮੋ ਨੰ: 09/04/2021.ਪ.ਪ.1(9/5)/5420, ਮਿਤੀ 18.10.2022 ਰਾਹੀ ਮਾਮਲਾ ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ ਨਾਲ ਟੇਕਅੱਪ ਕੀਤਾ ਗਿਆ ਸੀ। ਸਕੱਤਰ, ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ ਵਲੋ ਪੱਤਰ ਨੰ: ਡਿਸ 196/2022/ਅ-7/5081,ਮਿਤੀ 23.11.2022 ਰਾਹੀ ਡਾ.ਅਮਰਬਾਗ ਰੰਧਾਵਾ, ਵੈਟਰਨਰੀ ਅਫਸਰ, ਸਿਵਲ ਪਸ਼ੂ ਹਸਪਤਾਲ, ਹਰਸ਼ਾ ਛੀਨਾ (ਅੰਮ੍ਰਿਤਸਰ ) ਗੈਰ-ਹਾਜਰ ਨੂੰ ਸਰਕਾਰੀ ਸੇਵਾ ਤੋ ਡਿਸਮਿਸ ਕਰਨ ਸਬੰਧੀ ਸਹਿਮਤੀ ਦਿੱਤੀ ਗਈ ਹੈ।

6. ਇਸ ਪ੍ਰਕਾਰ ਕੇਸ ਦੇ ਸਮੁੱਚੇ ਹਾਲਾਤਾਂ ਨੂੰ ਵਿਚਾਰਦੇ ਹੋਏ ਅਤੇ ਪੜਤਾਲੀਆ ਅਫਸਰ ਦੀ ਰਿਪੋਰਟ ਮਿਤੀ 24.03.2022 ਨਾਲ ਸਹਿਮਤੀ ਪ੍ਰਗਟ ਕਰਦੇ ਹੋਏ, ਪੰਜਾਬ ਲੋਕ ਸੇਵਾ ਕਮਿਸ਼ਨ, ਪਟਿਆਲਾ ਦੀ ਸਲਾਹ ਅਨੁਸਾਰ ਪੰਜਾਬ ਦੇ ਰਾਜਪਾਲ ਜੀ ਪ੍ਰਸੰਨਤਾ-ਪੂਰਵਕ ਡਾ.ਅਮਰਬਾਗ ਰੰਧਾਵਾ, ਵੈਟਰਨਰੀ ਅਫਸਰ, ਸਿਵਲ ਪਸ਼ੂ ਹਸਪਤਾਲ, ਹਰਸ਼ਾ ਛੀਨਾ (ਅੰਮ੍ਰਿਤਸਰ) ਗੈਰ-ਹਾਜਰ ਨੂੰ ਉਸ ਦੀ ਗੈਰ-ਹਾਜ਼ਰੀ ਦੀ ਮਿਤੀ 23.09.2020 ਤੋਂ ਸਰਕਾਰੀ ਸੇਵਾ ਤੋਂ ਡਿਸਮਿਸ ਕੀਤਾ ਜਾਂਦਾ ਹੈ।

ਵਿਕਾਸ ਪ੍ਰਤਾਪ

ਚੰਡੀਗੜ੍ਹ — ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ

ਮਿਤੀ 14 ਦਸੰਬਰ,2022 — ਪਸ਼ੂ ਪਾਲਣ,ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ

*3616/1-2026/Pb. Govt. Press, S.A.S. Nagar*